ਪੰਜਾਬ ਸਰਕਾਰ

ਸਥਾਨਕ ਸਰਕਾਰ ਵਿਭਾਗ

(ਸਥਾਨਕ ਸਰਕਾਰ-3 ਸ਼ਾਖਾ)

ਅਧਿਸੂਚਨਾ

ਨੰ: 16/4/2019-4ਸਸ3/ 873 ਮਿਤੀ,ਚੰਡੀਗੜ੍ਹ: 10-06-2019

ਜਿਵੇਂ ਕਿ ਨਗਰ ਕੌਂਸਲ, ਮਾਲੇਰਕੋਟਲਾ ਵੱਲੋ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955" (15 ਆਫ 1956) ਦੀ ਧਾਰਾ 7 ਅਧੀਨ ਆਪਣੇ ਮਤਾ ਨੰ: 33 (ਅ) ਮਿਤੀ: 23.11.2015 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਹੈ। ਇਸ ਦੇ ਸਬੰਧ ਵਿੱਚ 2 ਅਖਬਾਰਾਂ ਰਾਹੀਂ ਜਨਤਕ ਸੂਚਨਾ ਪ੍ਰਕਾਸ਼ਿਤ ਕਰਵਾ ਕੇ ਆਮ ਜਨਤਾ ਪਾਸੋਂ ਇਤਰਾਜ ਅਤੇ ਸੁਝਾਓ ਮੰਗੇ ਗਏ ਸਨ ਪਰੰਤੂ ਕੋਈ ਇਤਰਾਜ ਵਾ ਸੁਝਾਓ ਪ੍ਰਾਪਤ ਨਾ ਹੋਣ ਤੇ ਨਗਰ ਕੌਂਸਲ, ਮਾਲੇਰਕੋਟਲਾ ਵੱਲੋ ਮਤਾ ਨੰ: 262 ਮਿਤੀ: 24.01.2019 ਨੂੰ ਫਾਈਨਲ ਨੋਟੀਫਿਕੇਸ਼ਨ ਕਰਾਉਣ ਲਈ ਮਤਾ ਲਗਾਉਣਾ ਪ੍ਰਵਾਨ ਕੀਤਾ ਗਿਆ ।

2. ਇਸ ਲਈ ਹੁਣ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955" (15 ਆਫ 1956) ਦੀ ਧਾਰਾ 7 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ ਘੋਸ਼ਣਾ ਕਰਦੇ ਹਨ ਕਿ ਨਗਰ ਕੌਂਸਲ, ਮਾਲੇਰਕੋਟਲਾ ਦੇ ਖੇਤਰ ਵਿਖੇ ਹੇਠ ਲਿਖੀਆਂ ਵਸਤਾਂ ਦੀ ਵਿਕਰੀ ਉਤੇ ਫੀਸ (ਕਾਓ ਸੈਸ) ਲਾਗੂ ਹੋਵੇਗਾ ਜਿਸ ਦੀਆਂ ਕੁਲੈਕਟਿੰਗ ਏਜੰਸੀਆਂ ਹੇਠਾਂ ਦਿਤੇ ਟੇਬਲ ਵਿਚ ਘੋਸ਼ਿਤ ਕੀਤੀਆਂ ਜਾਂਦੀਆਂ ਹਨ:-

| ਲੜੀ ਨੰ: | ਆਈਟਮ ਦਾ ਨਾਮ | ਪ੍ਰਤੀ ਆਈਟਮ ਫੀਸ (ਕਾਓ ਸੈਸ) | ਕੁਲੈਕਟਿੰਗ ਏਜੰਸੀ ਦਾ ਨਾਮ |
|---|---|---|---|
| 1 | ਤੇਲ ਟੈਂਕਰ ਪ੍ਰਤੀ ਚੱਕਰ | 100/- ਰੁਪਏ | ਨਗਰ ਕੌਂਸਲ, ਮਾਲੇਰਕੋਟਲਾ |
| 2 | ਸ਼ਰਾਬ ਅੰਗਰੇਜੀ ਪ੍ਰਤੀ ਬੋਤਲ | 10/- ਰੁਪਏ | ਸਹਾਇਕ ਕਰ ਤੇ ਆਬਕਾਰੀ ਕਮਿਸ਼ਨਰ, ਸੰਗਰੂਰ। |
| 3 | ਸ਼ਰਾਬ ਦੇਸੀ ਅਤੇ ਬੀਅਰ ਪ੍ਰਤੀ ਬੋਤਲ | 05/- ਰੁਪਏ | ਸਹਾਇਕ ਕਰ ਤੇ ਆਬਕਾਰੀ ਕਮਿਸ਼ਨਰ, ਸੰਗਰੂਰ। |
| 4 | ਸੀਮਿੰਟ ਪ੍ਰਤੀ ਬੈਗ | 01/- ਰੁਪਏ | ਸਹਾਇਕ ਕਰ ਤੇ ਆਬਕਾਰੀ ਕਮਿਸ਼ਨਰ, ਸੰਗਰੂਰ। |
| 5 | ਮੈਰਿਜ ਪੈਲਿਸ ਏ.ਸੀ. ਪ੍ਰਤੀ ਫੰਕਸ਼ਨ | 1000/- ਰੁਪਏ | ਨਗਰ ਕੌਂਸਲ, ਮਾਲੇਰਕੋਟਲਾ |
| 6 | ਮੈਰਿਜ ਪੈਲਿਸ ਨਾਨ ਏ.ਸੀ. ਪ੍ਰਤੀ ਫੰਕਸ਼ਨ | 500/- ਰੁਪਏ | ਨਗਰ ਕੌਂਸਲ, ਮਾਲੇਰਕੋਟਲਾ |
| 7 | ਫੋਰ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 1000/- ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਸੰਗਰੂਰ |
| 8 | ਦੋ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 200/- ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਸੰਗਰੂਰ |

**ਨੋਟ:** ਇਹ ਕਾਓ ਸੈਸ ਮਿਤੀ 01.07.2019 ਤੋਂ ਲਾਗੂ ਹੋਵੇਗਾ।

ਮਿਤੀ: ਚੰਡੀਗੜ੍ਹ
10.6.2019

ਏ ਵੇਣੂੰ ਪ੍ਰਸਾਦ, ਆਈ.ਏ.ਐਸ.
ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ

ਪਿੱਠ ਅੰਕਣ ਨੰ: 16/4/2019-4ਸਸ3/ 874 ਮਿਤੀ ਚੰਡੀਗੜ੍ਹ: 10-06-2019

ਇਸ ਦਾ ਇੱਕ ਉਤਾਰਾ ਕੰਟਰੋਲਰ, ਛਪਾਈ ਤੇ ਲਿਖਣ ਸਮੱਗਰੀ ਵਿਭਾਗ, ਪੰਜਾਬ, ਐਸ.ਏ.ਐਸ. ਨਗਰ (ਮੋਹਾਲੀ) ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਅਧਿਸੂਚਨਾ ਨੂੰ ਪੰਜਾਬ ਸਰਕਾਰ ਦੇ ਅਸਾਧਾਰਣ ਗਜਟ ਵਿੱਚ ਛਾਪਣ ਦੀ ਖੇਚਲ ਕੀਤੀ ਜਾਵੇ ਅਤੇ ਇਸ ਦੀਆਂ 10 ਕਾਪੀਆਂ ਸਰਕਾਰ ਨੂੰ ਰਿਕਾਰਡ ਲਈ ਭੇਜ ਦਿੱਤੀਆ ਜਾਣ।

ਅਧੀਨ ਸਕੱਤਰ, ਸਥਾਨਕ ਸਰਕਾਰ

Scanned by CamScanner

ਪਿੱਠ ਅੰਕਣ ਨੰ: 16/4/2019-4ਸਸ3/875-886 ਮਿਤੀ ਚੰਡੀਗੜ੍ਹ: 10-06-2019

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1 ਵਿਤੀ ਕਮਿਸ਼ਨਰ, ਕਰ ਅਤੇ ਆਬਕਾਰੀ ਵਿਭਾਗ, ਪੰਜਾਬ ਚੰਡੀਗੜ੍ਹ;
2 ਪ੍ਰਮੁੱਖ ਸਕੱਤਰ, ਟਰਾਂਸਪੋਰਟ, ਪੰਜਾਬ, ਚੰਡੀਗੜ੍ਹ;
3 ਡਾਇਰੈਕਟਰ, ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ;
4 ਚੇਅਰਮੇਨ,ਪੰਜਾਬ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ;
5 ਡਿਪਟੀ ਕਮਿਸ਼ਨਰ, ਸੰਗਰੂਰ।
6 ਰੀਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਪਟਿਆਲਾ।
7 ਉਪ-ਮੰਡਲ ਮੈਜਿਸਟਰੇਟ, ਮਾਲੇਰਕੋਟਲਾ।
8 ਕਾਰਜ ਸਾਧਕ ਅਫਸਰ, ਨਗਰ ਕੌਂਸਲ, ਮਾਲੇਰਕੋਟਲਾ।
9 ਪ੍ਰੀਖਕ, ਲੋਕਲ ਫੰਡ ਅਕਾਊਂਟਸ, ਪੰਜਾਬ, ਚੰਡੀਗੜ੍ਹ
10 ਦਫਤਰ ਟਾਊਨ ਪਲੈਨਰ, ਟਾਊਨ ਪਲੈਨਿੰਗ ਵਿੰਗ, ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ;
11 ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ, ਸੰਗਰੂਰ
12 ਜਿਲ੍ਹਾ ਟਰਾਂਸਪੋਰਟ ਅਫਸਰ, ਸੰਗਰੂਰ।

ਅਧੀਨ ਸਕੱਤਰ, ਸਥਾਨਕ ਸਰਕਾਰ

Scanned by CamScanner